# O/o SUB DIVISIONAL ENGINEER, PROVL. SUB DIVISION, PWD B&R, KHARAR

E-MAIL Subdivisionkharar78@gmail.com

ਵੱਲ,

GILLCO INTERNATIONAL SCHOOL,
GILCO VALLEY, SECTOR 127,
KHARAR,
SAS NAGAR.

ਨੰ: 97 ਮਿਤੀ: 03/04/2023

ਵਿਸ਼ਾ:- ਸਕੂਲ ਦੀ ਬਿਲਡਿੰਗ ਦਾ ਸੇਫਟੀ ਸਰਟਿਫਿਕੇਟ ਜਾਰੀ ਕਰਨ ਬਾਰੇ (ਸਾਲ 2023-2024)।

ਹਵਾਲਾ:- ਆਪ ਜੀ ਦਾ ਪੱਤਰ ਨੰ ਨਿੱਲ ਮਿਤੀ: 15.03.2023.

ਉਪਰੋਕਤ ਵਿਸ਼ੇ ਤੇ ਹਵਾਲੇ ਦੇ ਸਬੰਧ ਵਿੱਚ ਆਪ ਜੀ ਨੂੰ ਬੇਨਤੀ ਸਹਿਤ ਲਿਖਿਆ ਜਾਂਦਾ ਹੈ ਕਿ ਇਸ ਉਪ ਮੰਡਲ ਅਧੀਨ ਕੰਮ ਕਰ ਰਹੇ ਸ੍ਰੀ ਪ੍ਰਭਜੋਤ ਸਿੰਘ, ਜੂਨੀਅਰ ਇੰਜੀਨੀਅਰ ਵੱਲੋ Gillco International School, Gilco Valley, Sector 127, Kharar, Distt SAS Nagar ਦੀ ਮੌਕੇ ਤੇ ਵਿਜ਼ੂਅਲ ਇੰਸਪੈਕਸ਼ਨ ਕੀਤੀ ਗਈ। ਇਮਾਰਤ ਦੀ ਪ੍ਰਾਪਤ ਰਿਪੋਰਟ ਅਨੁਸਾਰ ਬਿਲਡਿੰਗ ਠੀਕ ਜਾਪਦੀ ਹੈ।ਮਾਨਯੋਗ ਸਕੱਤਰ, ਪੰਜਾਬ ਲੋਕ ਨਿਰਮਾਣ ਵਿਭਾਗ ( ਭ ਤੇ ਮ), ਚੰਡੀਗੜ ਜੀ ਦਫਤਰੀ ਆਰਡਰ ਨੰ 5/13/2018/3ਬੀਆਰ3/1294287/3 ਮਿਤੀ 10.08.2018 ਰਾਹੀਂ ਇਮਾਰਤ ਦੀ ਲੋੜੀਂਦੀ 1 ਸਾਲ ਦੀ ਬਣਦੀ ਫੀਸ 20,000 ਰੁਪਏ ਈ-ਚਲਾਨ ਰਸੀਦ ਨੰ 5337836 ਮਿਤੀ 03.04.2023 ਰਾਹੀਂ ਸਟੇਟ ਬੈਂਕ ਆਫ ਇੰਡੀਆ ਵਿੱਚ ਜਮ੍ਹਾਂ ਕਰਵਾ ਦਿੱਤੀ ਗਈ ਹੈ। ਇਸ ਲਈ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 31.03.2024 ਤੱਕ ਹੇਠ ਲਿਖੀ ਸ਼ਰਤਾ ਤੇ ਜਾਰੀ ਕੀਤਾ ਜਾਂਦਾ ਹੈ:-

1. ਸਕੂਲ ਬਿਲਡਿੰਗ ਦੀ ਬਾਹਰੀ ਦਿੱਖ ਤੋ ਅੰਦਰੂਨੀ ਸਟਰਕਚਰਲ ਸਟੇਬਿਲਟੀ ਚੈਕ ਨਹੀ ਕੀਤੀ ਜਾ ਸਕਦੀ। ਇਸ ਲਈ ਜੇਕਰ ਕਿਸੇ ਵੀ ਸਮੇ ਬਿਲਡਿੰਗ ਦੇ ਸਟਰਕਚਰਲ ਡਿਜਾਇਨ ਵਿੱਚ ਕਮੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਇਸ ਲਈ ਸਕੂਲ ਅਥਾਰਿਟੀ ਖੁਦ ਜਿੰਮੇਵਾਰ ਹੋਵੇਗੀ।

2. ਜੇਕਰ ਸਕੂਲ ਅਥਾਰਿਟੀ ਵੱਲੋ ਬਿਲਡਿੰਗ ਵਿੱਚ ਕਸੇ ਵੀ ਤਰ੍ਹਾਂ ਦੀ ਅਡੀਸ਼ਨ/ਅਲਟਰੇਸ਼ਨ ਅਤੇ ਮੋਡੀਫਿਕੇਸ਼ਨ ਕੀਤੀ ਜਾਂਦੀ ਹੈ ਤਾਂ ਉਹ ਕਿਸੇ ਟੈਕਨੀਕਲ ਕੁਆਲੀਫਾਈਡ ਇੰਜੀਨੀਅਰ ਦੀ ਦੇਖ ਰੇਖ ਵਿੱਚ ਕਰਵਾਈ ਜਾਵੇ ਅਤੇ ਉਸ ਇੰਜੀਨੀਅਰ ਤੋ ਸਰਟੀਫਿਕੇਟ ਲਿਆ ਜਾਵੇ ਕਿ ਇਸ ਅਡੀਸ਼ਨ/ਅਲਟਰੇਸ਼ਨ ਅਤੇ ਮੋਡੀਫਿਕੇਸ਼ਨ ਕਰਨ ਨਾਲ ਬਿਲਡਿੰਗ ਸਟਰਕਚਰਲੀ ਸੇਫ ਰਹੇਗੀ ਅਤੇ ਇਹ ਕੰਮ ਕਰਨ ਤੋ ਬਾਅਦ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਲਿਆ ਜਾਵੇਗਾ।

3. ਜੇਕਰ ਬਿਲਡਿੰਗ ਨੂੰ ਹੜ੍ਹ, ਭੂਚਾਲ ਜਾਂ ਕਿਸੇ ਕੁਦਰਤੀ ਆਫਤ ਕਾਰਨ ਨੁਕਸਾਨ ਹੁੰਦਾ ਹੈ ਅਤੇ ਦੀਵਾਰਾਂ/ਨੀਹਾਂ ਵਿੱਚ ਕਿਸੇ ਤਰ੍ਹਾਂ ਦੀ ਸੈਟਲਮੇਂਟ ਅਤੇ ਛੱਤਾਂ ਵਿੱਚ ਸੈਗਿੰਗ ਆਉਂਦੀ ਹੈ ਤਾਂ ਸਕੂਲ ਅਥਾਰਟੀ ਤੁਰੰਤ ਇਸ ਵਿਭਾਗ ਦੇ ਧਿਆਨ ਵਿੱਚ ਲਿਆਵੇਗੀ।

4. ਬਿਲਡਿੰਗ ਦੀ ਹਰ ਪੱਖੋ ਸੇਫਟੀ ਦੀ ਜਿੰਮੇਵਾਰੀ ਸੰਸਥਾ ਦੀ ਹੋਵੇਗੀ ਅਤੇ ਆਪ ਹਰ ਸਾਲ ਟੈਕਨੀਕਲ ਕੁਆਲੀਫਾਇਡ ਸਟਰਕਚਰ ਇੰਜੀਨੀਅਰ ਵੱਲੋ ਉਕਤ ਇਮਾਰਤ ਦਾ ਤਸਦੀਕਸ਼ੁਦਾ ਫਿਟਨੈਸ ਸਰਟੀਫਿਕੇਟ ਲੈਣ ਉਪਰੰਤ ਇਸ ਦਫਤਰ ਵਿੱਚ ਜਮ੍ਹਾਂ ਕਰਵਾਉਣ ਦੇ ਪਾਬੰਦ ਹੋਵੋਗੇ।

Scanned with OKEN Scanner

O/o SUB DIVISIONAL ENGINEER, PROVL. SUB DIVISION, PWD B&R, KHARAR
E-MAIL Subdivisionkharar78@gmail.com

5. ਅੱਗ ਬੁਝਾਊ ਯੰਤਰ ਸਬੰਧਿਤ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਤਸੱਲੀਬੱਖਸ਼ ਅਤੇ ਚਾਲੂ ਹਾਲਤ ਵਿੱਚ ਹੋਣੇ ਚਾਹੀਦੇ ਹਨ। ਆਪ ਹਰ ਸਾਲ ਸਬੰਧਤ ਵਿਭਾਗ ਤੋਂ ਫਾਇਰ ਸੇਫਟੀ ਸਰਟੀਫਿਕੇਟ ਲੈਣ ਉਪੰਰਤ ਇਸ ਦਫਤਰ ਵਿੱਚ ਜਮ੍ਹਾਂ ਕਰਵਾਉਣ ਦੇ ਪਾਬੰਦ ਹੋਵੋਗੇ।

6. ਪੰਜਾਬ ਸਰਕਾਰ ਵੱਲੋ ਭਵਿੱਖ ਵਿੱਚ ਸਮੇ-ਸਮੇ ਤੇ ਜਾਰੀ ਕੀਤੀਆਂ ਹਦਾਇਤਾਂ/ਸ਼ਰਤਾਂ/ਨੋਟੀਫਿਕੇਸ਼ਨ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇਗੀ। ਜੇਕਰ ਇਸ ਬਿਲਡਿੰਗ ਸੇਫਟੀ ਸਰਟੀਫਿਕੇਟ ਦੀ ਵੈਧਤਾ ਦੌਰਾਨ ਕਦੇ ਵੀ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਹਿੱਤ ਫੀਸ ਵਿੱਚ ਵਾਧਾ ਕੀਤਾ ਜਾਂਦਾ ਹੈ ਤਾਂ ਆਪ ਇਸ ਵਧੀ ਹੋਈ ਫੀਸ ਨੂੰ ਉਸ ਸਮੇ ਤੋ ਇਸ ਉਪ ਮੰਡਲ ਦਫਤਰ ਵਿੱਚ ਜਮ੍ਹਾਂ ਕਰਵਾਉਣ ਦੇ ਪਾਬੰਦ ਹੋਵੋਗੇ।

7. ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀ ਹੋਵੇਗਾ।

ਉਪ ਮੰਡਲ ਇੰਜੀਨੀਅਰ,
ਪ੍ਰਾਂਤਕ ਉਪ ਮੰਡਲ, ਲੋ:ਨਿ:ਵਿ:ਭਤੇਮ ਸ਼ਾਖਾ,
ਖਰੜ।

ਪਿੱਠ ਅੰਕਣ ਨੰ: ਮਿਤੀ:

ਉਪਰੋਕਤ ਦਾ ਉਤਾਰਾ ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ ਨੰ 1, ਲੋ:ਨਿ:ਵਿ:ਭ ਤੇ ਮ ਸ਼ਾਖਾ, ਐਸ.ਏ.ਐਸ ਨਗਰ ਜੀ ਨੂੰ ਸੂਚਨਾਂ ਹਿੱਤ ਭੇਜਿਆ ਜਾਂਦਾ ਹੈ ਜੀ।

ਉਪ ਮੰਡਲ ਇੰਜੀਨੀਅਰ,
ਪ੍ਰਾਂਤਕ ਉਪ ਮੰਡਲ, ਲੋ:ਨਿ:ਵਿ:ਭਤੇਮ ਸ਼ਾਖਾ,
ਖਰੜ।

Scanned with OKEN Scanner